# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਅਤੇ ਕੇਂਦਰੀ ਗ੍ਰਹਿ ਮਾਮਲਿਆਂ ਬਾਰੇ ਡਾਇਰੈਕਟਰ ਮਿਯੰਕ ਮਿਸ਼ਰਾ ਨੇ, ਕਿਸਾਨੀ ਮੰਗਾਂ ਨੂੰ ਲੈਕੇ 20 ਦਿਨ ਤੋਂ ਮਰਨ ਵਰਤ ਤੇ ਬੈਠੇ, ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ, ਅੱਜ ਪਟਿਆਲਾ ਦੇ ਖਨੌਰੀ ਬਾਰਡਰ ਵਿਖੇ ਮੁਲਾਕਾਤ ਕੀਤੀ।
- ਭਾਰਤੀ ਫੌਜ ਦੀ ਪੈਂਥਰ ਡਿਵੀਜ਼ਨ ਵਲੋਂ ਸਾਲ 1971 ਦੀ ਭਾਰਤ-ਪਾਕਿਸਤਾਨ ਜੰਗ ਦੀ ਜਿੱਤ ਦੀ ਯਾਦ ਵਿਚ, ਅੰਮ੍ਰਿਤਸਰ ਵਿਖੇ ਵਿਜੇ ਦਿਵਸ ਦਾ ਆਯੋਜਨ।

- ਦਸਵੀਂ ਪਾਤਸ਼ਾਹੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਪਰਿਵਾਰ ਦੇ ਵਿਛੋੜੇ ਅਤੇ ਸ਼ਹਾਦਤ ਨੂੰ ਸਮਰਪਿਤ, ਸ਼ਹੀਦੀ ਜੋੜ ਮੇਲਿਆਂ ਦੀ ਸ਼ੁਰੂਆਤ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਦਾਰ ਪਟੇਲ ਦੀ ਸ਼ਖਸੀਅਤ ਅਤੇ ਕੰਮ, ਦੇਸ਼ ਦੀ ਏਕਤਾ, ਅਖੰਡਤਾ ਅਤੇ ਵਿਕਸਤ ਭਾਰਤ ਦੇ ਸੰਕਲਪ ਦੀ ਪ੍ਰਾਪਤੀ ਲਈ, ਨਾਗਰਿਕਾਂ ਲਈ ਪ੍ਰੇਰਨਾ ਸਰੋਤ ਬਣੇ ਰਹਿਣਗੇ। ਐਕਸ 'ਤੇ ਇੱਕ ਪੋਸਟ ਸਾਂਝੀ ਕਰਦਿਆਂ ,ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਲੋਹ ਪੁਰਸ਼, ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੇ ਸਮਾਰਕ 'ਤੇ ਨਮਨ ਕੀਤਾ। ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਵੀ ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਕਰਦਿਆਂ, 500 ਤੋਂ ਵੱਧ ਰਿਆਸਤਾਂ ਨੂੰ ਮਿਲਾ ਕੇ, ਆਧੁਨਿਕ ਭਾਰਤ ਦੇ

ਨਿਰਮਾਣ ਦਾ ਨੀਂਹ ਪੱਥਰ ਰੱਖਣ ਦਾ ਸਿਹਰਾ, ਸਰਦਾਰ ਪਟੇਲ ਨੂੰ ਦਿੱਤਾ।

---

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ, ਕਿਸਾਨੀ ਮੰਗਾਂ ਨੂੰ ਲੈਕੇ 20 ਦਿਨ ਤੋਂ ਮਰਨ ਵਰਤ ਤੇ ਬੈਠੇ, ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਅੱਜ ਪਟਿਆਲਾ ਦੇ ਖਨੌਰੀ ਬਾਰਡਰ ਵਿਖੇ ਮੁਲਾਕਾਤ ਕੀਤੀ। ਉਨ੍ਹਾਂ ਦੇ ਨਾਲ ਕੇਂਦਰੀ ਗ੍ਰਿਹ ਮਾਮਲਿਆਂ ਬਾਰੇ ਡਾਇਰੈਕਟਰ ਮਿਯੰਕ ਮਿਸ਼ਰਾ ਵੀ ਮੌਜੂਦ ਰਹੇ। ਗੱਲਬਾਤ ਕਰਨ ਤੋਂ ਬਾਅਦ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਦਸਿਆ ਕਿ ਸਰਕਾਰ ਨੇ, ਕਿਸਾਨਾਂ ਦੇ ਸ਼ਾਂਤਮਈ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਏ ਅਤੇ ਸਰਵਉੱਚ ਅਦਾਲਤ ਮੁਤਾਬਿਕ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਬਿਨਾਂ ਬਲ ਤੋ ਖੁਲਵਾਇਆ ਜਾਵੇ, ਜਿਸ ਲਈ, ਓਹਨਾ ਡੱਲੇਵਾਲ ਨੂੰ ਮਰਨ ਵਰਤ ਖੋਲਣ ਦੀ ਬੇਨਤੀ ਕੀਤੀ ਏ। ਪੁਲਿਸ ਮੁਖੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਵੀ ਇਹ ਸੁਨੇਹਾ ਭੇਜਿਆ ਕਿ ਉਹ ਵੀ, ਆਪਣੇ ਪੱਧਰ 'ਤੇ ਕੇਂਦਰ ਨਾਲ ਕਿਸਾਨੀ ਮੰਗਾਂ

ਲਈ ਗੱਲਬਾਤ ਕਰ ਰਹੇ ਨੇ, ਤਾਂ ਜੋ ਇਸ ਮਸਲੇ ਦਾ ਹੱਲ ਹੋ ਸਕੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨਾਲ ਗੱਲਬਾਤ ਕਰਕੇ, ਹੱਲ ਕੱਢਣ ਦੀ ਕੋਸ਼ਿਸ਼ ਕੀਤੀ ਜਾ ਰਹੀ ਏ। ਓਧਰ ਡਾਇਰੈਕਟਰ ਮਿਯੰਕ ਮਿਸ਼ਰਾ ਨੇ ਕਿਹਾ ਕਿ ਸਰਵਉੱਚ ਅਦਾਲਤ ਦੇ ਹੁਕਮ ਮੁਤਾਬਿਕ, ਓਹ ਡੱਲੇਵਾਲ ਨਾਲ ਗੱਲਬਾਤ ਕਰਨ ਆਏ ਨੇ ਅਤੇ ਉਨ੍ਹਾਂ ਦੀਆਂ ਮੰਗਾਂ ਸੁਣੀਆਂ ਗਈਆਂ ਨੇ, ਜਿਹਨਾ ਨੂੰ ਕੇਂਦਰ ਤੱਕ ਪਹੁੰਚਿਆ ਜਾਵੇਗਾ।

-----------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਦਿੱਤੇ ਸੱਦੇ 'ਤੇ ਨਸ਼ਾ ਮੁਕਤ ਪੰਜਾਬ ਦੀ ਟੀਮ ਨੇ, ਰਾਜਪਾਲ ਭਵਨ ਵਿਖੇ ਰਾਜਪਾਲ ਨਾਲ ਮੁਲਾਕਾਤ ਕਰਕੇ, ਸੂਬੇ ਅੰਦਰ ਨਸ਼ਿਆਂ ਦੇ ਖਾਤਮੇ ਲਈ ਵਿਚਾਰ ਵਟਾਂਦਰਾ ਕੀਤਾ। ਟੀਮ ਦੀ ਅਗਵਾਈ RSS ਦੇ ਸੀਨੀਅਰ ਪ੍ਰਚਾਰਕ ਜਸਵੀਰ ਸਿੰਘ ਅਤੇ ਨਸ਼ਾ ਮੁਕਤ ਪੰਜਾਬ ਦੇ ਸੂਬਾ ਸੰਯੋਜਕ ਮਦਨ-ਜੀਤ ਸਿੰਘ ਨੇ ਕੀਤੀ। ਨਸ਼ਾ ਮੁਕਤ ਪੰਜਾਬ ਦੇ ਵਿਭਾਗ ਸੰਯੋਜਕ ਰਿੰਪੀ ਸੂਰੀ ਨੇ ਦੱਸਿਆ ਕਿ ਨਸ਼ਾ ਮੁਕਤ ਪੰਜਾਬ ਦੀ ਟੀਮ ਨੇ, ਸੂਬੇ ਵਿਚ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਕੰਮ ਦੀ ਰਾਜਪਾਲ ਨੂੰ

ਵਿਸਥਾਰ ਵਿਚ ਦਿੱਤੀ ਅਤੇ ਭਰੋਸਾ ਦਿੱਤਾ ਕਿ ਪੰਜਾਬ ਵਿਚ ਨਸ਼ਿਆਂ ਦੇ ਖਾਤਮੇ ਲਈ ,ਸ਼ੁਰੂ ਕੀਤੀ ਗਈ ਜੋ ਮੁਹਿੰਮ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ । ਜਸਵੀਰ ਸਿੰਘ ਅਤੇ ਮਦਨਜੀਤ ਸਿੰਘ ਨੇ ਦੱਸਿਆ ਕਿ ਰਾਜਪਾਲ ਨੂੰ ਦਸਿਆ ਕਿ ਉਹਨਾਂ ਦੀ ਟੀਮ ਵਲੋਂ ਵੱਖ ਵੱਖ ਸੰਸਥਾਵਾਂ ਅਤੇ ਆਮ ਲੋਕਾਂ ਦੇ ਸਹਿਯੋਗ ਨਾਲ ਸਕੂਲਾਂ ਕਾਲਜਾਂ ਅਤੇ ਧਾਰਮਿਕ ਸੰਸਥਾਵਾਂ ਵਿੱਚ ਜਾ ਕੇ, ਨਸ਼ਿਆਂ ਦੇ ਮਾੜੇ ਪ੍ਰਭਾਵ ਅਤੇ ਨਸ਼ਿਆਂ ਨੂੰ ਛੱਡਣ ਲਈ, ਨੋਜਵਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਏ । ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੰਸਥਾ ਵਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਆਪ ਵੀ ਪੰਜਾਬ ਅੰਦਰ ਨਸ਼ਿਆਂ ਦੇ ਖਾਤਮੇ ਲਈ ਪੂਰੀ ਤਰ੍ਹਾਂ ਬਚਨਵੱਧ ਹਨ ਅਤੇ ਇਸ ਕੰਮ ਛੇਤੀ ਹੀ ਉਹ ਪੰਜਾਬ ਦੇ ਸੰਤ ਸਮਾਜ ਅਤੇ ਬੁੱਧੀਜੀਵੀਆਂ ਨਾਲ ਮੀਟਿੰਗ ਕਰਕੇ ਵਿਸ਼ੇਸ਼ ਰਣਨੀਤੀ ਤਿਆਰ ਕਰਨਗੇ ।

---------------------------------------------------

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਅੱਜ ਤਰਨਤਾਰਨ ਵਿਖੇ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਵੱਲੋਂ

ਕਰਵਾਏ ਸਲਾਨਾ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨ ਪਹੁੰਚੇ । ਸਮਾਗਮ ਦੌਰਾਨ ਉਨ੍ਹਾਂ ਨੇ, ਵੱਖ-ਵੱਖ ਖੇਤਰਾਂ ਵਿੱਚ ਵਧੀਆ ਕੰਮ ਕਰਨ ਵਾਲੇ ਦਿਵਿਆਂਗਜਨਾਂ ਨੂੰ ਸਨਮਾਨਿਤ ਕੀਤਾ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦਿਵਿਆਂਗਜਨਾਂ ਦੇ ਸਵੈ-ਅਧਿਕਾਰ ਅਤੇ ਸਮਾਜ ਵਿੱਚ, ਉਨ੍ਹਾਂ ਦੇ ਸਮੂਹਿਕ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗਜਨਾਂ ਦੇ ਹੱਕਾਂ ਦੀ ਰੱਖਿਆ, ਸਿੱਖਿਆ, ਰੋਜ਼ਗਾਰ ਅਤੇ ਸਿਹਤ ਸਹੂਲਤਾਂ ਦੇ ਪ੍ਰਦਾਨ ਲਈ ਦ੍ਰਿੜਤਾ ਨਾਲ ਕੰਮ ਕਰ ਰਹੀ ਏ । ਮੰਤਰੀ ਨੇ ,ਪੈਨਸ਼ਨ ਯੋਜਨਾ, ਮੁਫਤ ਸਫਰ ਸਹੂਲਤ, ਸਵੈ-ਰੋਜ਼ਗਾਰ ਯੋਜਨਾਵਾਂ ਜਿਹੀਆਂ, ਦਿਵਿਆਂਗਜਨ ਭਲਾਈ ਯੋਜਨਾਵਾਂ ਦਾ ਵੀ ਜ਼ਿਕਰ ਕੀਤਾ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ, ਸਿਹਤ ਅਤੇ ਸਿੱਖਿਆ ਨੂੰ ਮੁੱਖ ਤਰਜੀਹ ਦਿੱਤੀ ਜਾ ਰਹੀ ਏ । ਬਠਿੰਡਾ ਦੇ ਇਕ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵੱਲੋਂ

ਕਰਵਾਏ ਸਾਲਾਨਾ ਸਮਾਗਮ 'ਚ ਸ਼ਿਰਕਤ ਕਰਦਿਆਂ, ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਨੇ । ਉਹਨਾਂ ਵਿਦਿਆਰਥੀਆਂ ਨੂੰ ਕਿਹਾ ਕਿ ਜ਼ਿੰਦਗੀ ਵਿੱਚ ਮਿਹਨਤ ਕਰਨਾ ਅਤਿ ਜ਼ਰੂਰੀ ਏ , ਜਿਸ ਸਦਕਾ ਉਹ ਔਖੀ ਤੋਂ ਔਖੀ ਮੰਜਿਲ ਨੂੰ ਸਰ ਕਰ ਸਕਦੇ ਨੇ । ਇਸ ਮੌਕੇ ਮੰਤਰੀ ਨੇ ਕਰਵਾਏ ਗਏ ਸਮਾਗਮ ਲਈ ਇਕ ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਵਿਧਾਇਕ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਬੱਚਿਆਂ ਨੂੰ ਆਧੁਨਿਕ ਤਰੀਕੇ ਦੀ ਸਿੱਖਿਆ ਦੇਣ ਲਈ ਸੂਬਾ ਸਰਕਾਰ ਵਚਨਬੱਧ ਅਤੇ ਯਤਨਸ਼ੀਲ ਏ । ਵਿਦਿਆਰਥੀਆਂ ਨੇ ਦੇਸ਼ ਭਗਤੀ, ਸੱਭਿਆਚਾਰਕ ਗੀਤ ਅਤੇ ਵੱਖ-ਵੱਖ ਤਰ੍ਹਾਂ ਦੀਆਂ ਵੰਨਗੀਆਂ ਪੇਸ਼ ਕੀਤੀਆਂ । ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ । ਕੈਬਨਿਟ ਮੰਤਰੀ ਨੇ ਵਿਦਿਆਰਥੀਆਂ ਵੱਲੋਂ ਲਗਾਈਆਂ ਵੱਖ-ਵੱਖ ਤਰ੍ਹਾਂ ਦੀਆਂ ਪ੍ਰਦਰਸ਼ਨੀਆਂ ਦਾ ਦੌਰਾ ਕਰਕੇ ਜਾਇਜ਼ਾ ਵੀ ਲਿਆ ।

---------------------------------------------------------------

ਭਾਰਤੀ ਫੌਜ ਦੀ ਪੈਂਥਰ ਡਿਵੀਜ਼ਨ ਨੇ ਅੱਜ ਸਾਲ 1971 ਦੀ ਭਾਰਤ-

ਪਾਕਿਸਤਾਨ ਜੰਗ ਵਿੱਚ, ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਨੂੰ ਦਰਸਾਉਂਦੇ ਹੋਏ, ਅੰਮ੍ਰਿਤਸਰ ਵਿਖੇ ਵਿਜੇ ਦਿਵਸ ਦਾ ਜਸ਼ਨ ਮਨਾਇਆ। ਇਹ ਇਤਿਹਾਸਕ ਦਿਨ, ਹਰ ਸਾਲ 16 ਦਸੰਬਰ ਨੂੰ ਮਨਾਇਆ ਜਾਂਦਾ ਇਹ ਦਿਹਾੜਾ ,ਬੰਗਲਾਦੇਸ਼ ਦੀ ਸਿਰਜਣਾ ਅਤੇ ਭਾਰਤੀ ਹਥਿਆਰਬੰਦ ਬਲਾਂ ਦੀ ਅਗਵਾਈ ਵਿੱਚ, ਨਿਰਣਾਇਕ ਫੌਜੀ ਜਿੱਤ ਦੀ ਯਾਦ ਦਿਵਾਉਂਦਾ ਏ । ਇਸ ਵਿਸ਼ੇਸ਼ ਮੌਕੇ 'ਤੇ ਫੌਜੀ ਸਾਜ਼ੋ-ਸਾਮਾਨ ਦੀ ਸ਼ਾਨਦਾਰ ਪ੍ਰਦਰਸ਼ਨੀ ਅਤੇ ਦੇਸ਼ ਦੀ ਤਾਕਤ ਅਤੇ ਏਕਤਾ ਨੂੰ ਦਰਸਾਉਂਦੀਆਂ, ਬਹਾਦਰ ਔਰਤਾਂ ਦੇ ਸਨਮਾਨ ਦੇ ਨਾਲ ਸਮਾਗਮ ਕਰਵਾਇਆ ਗਿਆ। "ਆਪਣੀ ਸੈਨਾ ਨੂੰ ਜਾਣੋ" ਥੀਮ ਦੇ ਹਿੱਸੇ ਵਜੋਂ ਇੱਕ ਪ੍ਰਭਾਵਸ਼ਾਲੀ ਹਥਿਆਰਾਂ ਅਤੇ ਉਪਕਰਣਾਂ ਦੀ ਪ੍ਰਦਰਸ਼ਨੀ ਲਾਇ ਗਈ ,ਜਿੱਥੇ ਆਮ ਲੋਕਾਂ ਲਈ ਬਖਤਰਬੰਦ ਟੈਂਕਾਂ, ਤੋਪਖਾਨੇ ਦੀਆਂ ਤੋਪਾਂ ਅਤੇ ਹੋਰ ਨਵੀਂ ਪੀੜ੍ਹੀ ਦੇ ਹਥਿਆਰਾਂ ਸਮੇਤ ਮਿਲਟਰੀ ਹਾਰਡਵੇਅਰ ਪ੍ਰਦਰਸ਼ਿਤ ਕੀਤੇ ਗਏ । ਨਾਗਰਿਕਾਂ, ਖਾਸ ਤੌਰ 'ਤੇ ਨੌਜਵਾਨ ਪੀੜ੍ਹੀ ਨੂੰ, ਫੌਜੀ ਤਕਨੀਕ ਨੂੰ ਦੇਖਣ ਦਾ ਮੌਕਾ ਮਿਲਿਆ । ਹਥਿਆਰਾਂ ਦੀ ਪ੍ਰਦਰਸ਼ਨੀ ਨੇ ਭਾਰਤ ਦੀ ਰੱਖਿਆ ਸਮਰੱਥਾ ਦੀ ਵਿਰਾਸਤ ਅਤੇ ਦੇਸ਼ ਦੀ ਸੁਰੱਖਿਆ ਨੂੰ ਕਾਇਮ

ਰੱਖਣ ਵਾਲੀ ਅਤਿ-ਆਧੁਨਿਕ ਤਕਨਾਲੋਜੀ ਬਾਰੇ ਜਾਣਨ ਦਾ ਮੌਕਾ ਪ੍ਰਦਾਨ ਕੀਤਾ। ਇਸ ਮੌਕੇ 1971 ਦੀ ਜੰਗ ਦੌਰਾਨ, ਮਹਾਨ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਦੀਆਂ ਵੀਰ ਨਾਰੀਆਂ ਦੇ ਹੌਂਸਲੇ ਨੂੰ ਮਾਨਤਾ ਦਿੰਦੇ ਹੋਏ, ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

-----------------------------------------------------

ਦਸਵੀਂ ਪਾਤਸ਼ਾਹੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਪਰਿਵਾਰ ਦੇ ਵਿਛੋੜੇ ਅਤੇ ਸ਼ਹਾਦਤ ਨੂੰ ਸਮਰਪਿਤ, ਦਸੰਬਰ ਮਹੀਨੇ ਵਿੱਚ ਮਨਾਏ ਜਾਣ ਵਾਲੇ ਸ਼ਹੀਦੀ ਜੋੜ ਮੇਲਿਆਂ ਦੀ ਸ਼ੁਰੂਆਤ ਹੋ ਚੁੱਕੀ ਏ। ਰੋਪੜ ਸਥਿਤ ਗੁਰਦੁਆਰਾ ਪਰਿਵਾਰ ਵਿਛੋੜਾ ਸਾਹਿਬ ਵਿਖੇ, ਅੱਜ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਧਾਰਮਿਕ ਦੀਵਾਨ ਸਜਾਏ ਗਏ। ਇਸ ਮੌਕੇ ਤਖਤ ਸ਼੍ਰੀ ਕੇਸਗੜ ਸਾਹਿਬ ਦੇ ਜਥੇਦਾਰ, ਗਿਆਨੀ ਸੁਲਤਾਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਪੰਥ ਦੀ ਹੋਰ ਮਹਾਨ ਸ਼ਖਸ਼ੀਅਤਾਂ ਤੋਂ ਇਲਾਵਾ, ਅਕਾਲੀ ਆਗੂ ਡਾਕਟਰ ਦਲਜੀਤ ਸਿੰਘ ਚੀਮਾ ਵੀ ਨਤਮਸਤਕ ਹੋਏ ਤੇ ਸ਼ਹੀਦਾਂ ਨੂੰ ਨਮਨ ਕੀਤਾ। ਸ਼ਹੀਦੀ ਜੋੜ ਮੇਲ ਦੌਰਾਨ , ਵੱਖ ਵੱਖ ਢਾਡੀ ਜਥਿਆਂ, ਰਾਗੀ ਸਿੰਘ ਤੇ

ਕਥਾਵਾਚਕਾਂ ਨੇ, ਇਤਿਹਾਸ ਬਾਰੇ ਚਾਨਣਾ ਪਾਇਆ ਅਤੇ ਸੰਗਤਾਂ ਨੂੰ ਗੁਰਬਾਣੀ ਤੋਂ ਸੇਧ ਅਤੇ ਸ਼ਹੀਦਾਂ ਤੋਂ ਪ੍ਰੇਰਨਾ ਲੈਣ ਦਾ ਸੁਨੇਹਾ ਵੀ ਦਿੱਤਾ। ਕਲ ਤੋਂ ਤਿੰਨ ਦਿਨਾ ਲਈ 16 ਤੋਂ 18 ਦਸੰਬਰ ਤੱਕ ਰੋਪੜ ਸਥਿਤ ਗੁਰਦੁਆਰਾ ਭੱਠਾ ਸਾਹਿਬ ਅਤੇ 20 ਤੋਂ 22 ਦਸੰਬਰ ਤੱਕ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਚਮਕੌਰ ਸਾਹਿਬ ਵਿਖੇ ਇਹ ਸ਼ਹੀਦੀ ਜੋੜ ਸਭਾ ਭਰੇਗੀ। ਜ਼ਿਕਰਯੋਗ ਏ ਕਿ ਦਸੰਬਰ ਦੇ ਮਹੀਨੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਅਤੇ ਹੋਰ ਸਿੰਘਾਂ ਦੇ ਪਰਿਵਾਰ ਵੱਲੋਂ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ, ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਵਿਚ ਸ਼ਹੀਦੀ ਜੋੜ ਮੇਲਾ ਭਰਦਾ ਏ ਅਤੇ ਇਸ ਦੀ ਸ਼ੁਰੂਆਤ ਗੁਰਦੁਆਰਾ ਪਰਿਵਾਰ ਵਿਛੋੜਾ ਸਾਹਿਬ ਤੋਂ ਹੁੰਦੀ ਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ, ਚਾਰ ਸਹਿਬਜ਼ਾਦੇ ਹੋਰ ਸਿੱਖਾਂ ਦੀ ਯਾਦ ਵਿੱਚ, ਗੁਰਦੁਆਰਾ ਸ੍ਰੀ ਪਰਿਵਾਰ ਵਿਛੋੜਾ ਸਾਹਿਬ ਤੋਂ ਹੀ ਸ਼ਹੀਦੀ ਪੰਦਰਵਾੜਾ ਸ਼ੁਰੂ ਹੁੰਦਾ ਏ।

---------------------------------------------------------------

ਗੁਰਦਾਸਪੁਰ ਦੇ ਕਾਦੀਆਂ ਵਿੱਚ ਸ਼ਹੀਦ ਰਾਮ ਪ੍ਰਕਾਸ਼ ਪ੍ਰਭਾਕਰ ਦੀ 33ਵੀਂ ਬਰਸੀ ਮੌਕੇ, ਸ਼ਹੀਦ ਸਿਪਾਹੀ ਸਨਮਾਨ ਸਮਾਗਮ ਕਰਵਾਇਆ

ਗਿਆ। ਇਸ ਮੌਕੇ ਰੱਖਿਆ ਰਾਜ ਮੰਤਰੀ ਸੰਜੇ ਸੇਠ ਵਿਸ਼ੇਸ਼ ਤੌਰ 'ਤੇ ਪਹੁੰਚੇ । ਰਾਜ ਮੰਤਰੀ ਸੰਜੇ ਸੇਠ ਅਤੇ ਇਕਬਾਲ ਸਿੰਘ ਲਾਲਪੁਰਾ ਨੇ ਕਿਹਾ ਕਿ ਇਨਾ ਸ਼ਹੀਦਾਂ ਨੇ, ਦੇਸ਼ ਅਤੇ ਸਮਾਜ ਲਈ ਆਪਣੀ ਕੁਰਬਾਨੀ ਦਿਤੀ । ਇਸ ਮੌਕੇ ਰਾਜ ਮੰਤਰੀ ਸੰਜੇ ਸੇਠ ਨੇ ਕਿਹਾ ।

**BYTE:**

RSS ਦੇ ਸਹਿ-ਕਾਰਜਕਾਰੀ ਅਰੁਣ ਕੁਮਾਰ, ਕੌਮੀ ਘੱਟ ਗਿਣਤੀਆਂ ਬਾਰੇ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, BJP ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਸਮੇਤ ਪੰਜਾਬ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ਼ਹੀਦ ਜਵਾਨਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ ।

---------------------------------------------------

ਫਾਜ਼ਿਲਕਾ ਪੁਲਿਸ ਅਤੇ ਆਬਕਾਰੀ ਵਿਭਾਗ ਨੇ, ਨਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲੇ ਤਸਕਰਾਂ ਖਿਲਾਫ, ਵੱਡੀ ਕਾਰਵਾਈ ਕਰਦੇ ਹੋਏ, ਰਾਜਸਥਾਨ ਨਾਲ ਲੱਗਦੇ ਸਰਹੱਦੀ ਖੇਤਰ ਨੇੜਿਓਂ  ਇਕ ਵਿਸ਼ੇਸ਼ ਮੁਹਿੰਮ

ਦੌਰਾਨ ਇਕ ਲੱਖ 23 ਹਜਾਰ ਲੀਟਰ ਲਾਹਣ ਬਰਾਮਦ ਕਰਕੇ ਨਸ਼ਟ ਕੀਤੀ ਏ । ਸਾਡੇ ਫਾਜ਼ਿਲਕਾ ਵਾਲੇ ਪੱਤਰਕਾਰ ਨੇ ਖਬਰ ਦਿਤੀ ਏ ਕਿ ਫਾਜ਼ਿਲਕਾ ਪੁਲਿਸ ਨੇ ਆਬਕਾਰੀ ਵਿਭਾਗ ਰਾਜਸਥਾਨ ਅਤੇ ਪੰਜਾਬ ਪੁਲਿਸ ਦੀ ਮਦਦ ਨਾਲ, ਰਾਜਸਥਾਨ ਦੀ ਗੰਗਕਨਾਲ ਨਹਿਰ ਦੇ ਸਰਕੰਡਿਆਂ ਵਿੱਚੋ  ਭਾਰੀ ਮਾਤਰਾ ਵਿੱਚ ਲਾਹਣ ਬਰਾਮਦ ਕੀਤੀ, ਜਿਸਨੂੰ  ਟੀਮਾਂ ਵੱਲੋਂ ਮੌਕੇ ਤੇ ਨਸ਼ਟ ਕਰ ਦਿੱਤਾ ਗਿਆ ।  ਸ਼ਰਾਬ ਤਿਆਰ ਕਰਨ ਸਮੇਂ ਵਰਤੇ ਜਾਣ ਵਾਲੇ ਡਰਮ, ਪਾਈਪਾਂ ਅਤੇ ਕੇਨੀਆਂ ਵੀ ਬਰਾਮਦ ਕੀਤੀਆਂ ਗਈਆਂ। ਪ੍ਰਸ਼ਾਸਨ ਨੇ ਲੋਕਾਂ ਨੂੰ, ਸ਼ਰਾਬ ਦਾ ਨਾਜਾਇਜ਼ ਧੰਦਾ ਕਰਨ ਵਾਲੇ ਵਿਅਕਤੀਆਂ ਦੀ ਸੂਚਨਾ ਪੁਲਿਸ ਅਤੇ ਆਬਕਾਰੀ ਵਿਭਾਗ ਨੂੰ ਦੇਣ ਦੀ ਅਪੀਲ ਕੀਤੀ ਏ, ਤਾਂ ਜੋ ਸ਼ਰਾਬ ਦੇ ਤਸਕਰਾਂ ਉੱਪਰ ਬਣਦੀ ਕਾਰਵਾਈ ਕਰਕੇ ,ਇਸ ਨਜਾਇਜ਼ ਧੰਦੇ ਨੂੰ ਰੋਕਿਆ ਜਾ ਸਕੇ।

---------------------------------------------------

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸਰਦਾਰ ਵੱਲਭ ਭਾਈ ਪਟੇਲ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਅਤੇ ਕੇਂਦਰੀ ਗ੍ਰਹਿ ਮਾਮਲਿਆਂ ਬਾਰੇ ਡਾਇਰੈਕਟਰ ਮਿਯੰਕ ਮਿਸ਼ਰਾ ਨੇ, ਕਿਸਾਨੀ ਮੰਗਾਂ ਨੂੰ ਲੈਕੇ 20 ਦਿਨ ਤੋਂ ਮਰਨ ਵਰਤ ਤੇ ਬੈਠੇ, ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ, ਅੱਜ ਪਟਿਆਲਾ ਦੇ ਖਨੌਰੀ ਬਾਰਡਰ ਵਿਖੇ ਮੁਲਾਕਾਤ ਕੀਤੀ।
- ਭਾਰਤੀ ਫੌਜ ਦੀ ਪੈਂਥਰ ਡਿਵੀਜ਼ਨ ਵਲੋਂ ਸਾਲ 1971 ਦੀ ਭਾਰਤ-ਪਾਕਿਸਤਾਨ ਜੰਗ ਦੀ ਜਿੱਤ ਦੀ ਯਾਦ ਵਿਚ, ਅੰਮ੍ਰਿਤਸਰ ਵਿਖੇ ਵਿਜੇ ਦਿਵਸ ਦਾ ਆਯੋਜਨ।
- ਦਸਵੀਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਪਰਿਵਾਰ ਦੇ ਵਿਛੋੜੇ ਅਤੇ ਸ਼ਹਾਦਤ ਨੂੰ ਸਮਰਪਿਤ, ਸ਼ਹੀਦੀ ਜੋੜ ਮੇਲਿਆਂ ਦੀ ਸ਼ੁਰੂਆਤ।